# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 18-05-2025**

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਐਲਾਨ ਕੀਤਾ ਏ ਕਿ ਸੱਤ ਸਰਬ-ਪਾਰਟੀ ਵਫ਼ਦ ਜਲਦੀ ਹੀ ਆਪ੍ਰੇਸ਼ਨ ਸਿੰਦੂਰ ਤਹਿਤ ਮੁੱਖ ਦੇਸ਼ਾਂ ਨਾਲ ਗੱਲਬਾਤ ਕਰਨਗੇ, ਜੋ ਕਿ ਅੱਤਵਾਦ ਵਿਰੁੱਧ ਭਾਰਤ ਦੇ ਸਮੂਹਿਕ ਸੰਕਲਪ ਨੂੰ ਦਰਸਾਉਂਦਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਿਜਿਜੂ ਨੇ ਇਸ ਸੰਯੁਕਤ ਮੋਰਚੇ ਦੀ ਨੁਮਾਇੰਦਗੀ ਕਰਨ ਵਾਲੇ ਸੰਸਦ ਮੈਂਬਰਾਂ ਤੇ ਵਫ਼ਦਾਂ ਦੀ ਸੂਚੀ ਸਾਂਝੀ ਕੀਤੀ।

---

ਅੱਜ ਸਵੇਰੇ ਹੈਦਰਾਬਾਦ ਦੇ ਚਾਰਮੀਨਾਰ ਨੇੜੇ ਇਕ ਰਿਹਾਇਸ਼ੀ ਜਗ੍ਹਾ 'ਤੇ ਅੱਗ ਲੱਗਣ ਨਾਲ ਘੱਟੋ-ਘੱਟ 8 ਲੋਕਾਂ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖਮੀ ਹੋ ਗਏ, ਜਿਨਾਂ ਚੋਂ 9 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ। ਜ਼ਖਮੀਆਂ ਨੂੰ ਨੇੜਲੇ ਹਸਪਤਾਲਾਂ ਵਿੱਚ ਦਾਖ਼ਲ ਕੀਤਾ ਗਿਆ ਏ। ਮਰਨ ਵਾਲਿਆਂ ਦੀ ਗਿਣਤੀ ਹੋਰ ਵਧਣ ਦਾ ਖਦਸ਼ਾ ਏ। ਫਾਇਰ ਕਰਮਚਾਰੀਆਂ ਨੇ ਇਮਾਰਤ ਵਿਚੋਂ 16 ਲੋਕਾਂ ਨੂੰ ਬਚਾਇਆ ਏ।

ਸਥਾਨਕ ਪੁਲਿਸ ਨੇ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਏ ਤੇ ਇਸ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਏ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਹਰੇਕ ਮ੍ਰਿਤਕ ਦੇ ਰਿਸ਼ਤੇਦਾਰ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ ਤੋਂ 2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦਿੱਤੀ ਜਾਵੇਗੀ ਜਦਕਿ ਜ਼ਖਮੀਆਂ ਨੂੰ 50 ਹਜ਼ਾਰ ਰੁਪਏ ਦਿੱਤੇ ਜਾਣਗੇ। ਉਨ੍ਹਾਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਵੀ ਕੀਤੀ ।

---

ਪਿਛਲੇ ਦੋ ਦਿਨਾਂ ਵਿੱਚ ਅਫਗਾਨਿਸਤਾਨ ਤੋਂ ਸੁੱਕੇ ਮੇਵੇ ਤੇ ਜੜ੍ਹੀਆਂ ਬੂਟੀਆਂ ਲੈ ਕੇ ਆਉਣ ਵਾਲੇ 18 ਟਰੱਕ ਅਟਾਰੀ-ਵਾਹਗਾ ਸੰਗਠਿਤ ਜਾਂਚ ਚੌਕੀ (ਆਈ.ਸੀ.ਪੀ.) ਰਾਹੀਂ ਭਾਰਤ ਪਹੁੰਚੇ ਨੇ । ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਸ਼ਨੀਵਾਰ ਨੂੰ 12 ਟਰੱਕ ਤੇ ਸ਼ੁੱਕਰਵਾਰ ਨੂੰ 6 ਟਰੱਕ ਦਾਖਲ ਹੋਏ। ਅਫਗਾਨਿਸਤਾਨ ਤੋਂ ਵਸਤੂਆਂ ਲੈ ਕੇ ਆਉਣ ਵਾਲੇ ਕੁਝ ਹੋਰ ਟਰੱਕ 23 ਅਪ੍ਰੈਲ ਤੋਂ ਪਾਕਿਸਤਾਨ ਵਾਲੇ ਪਾਸੇ ਫਸੇ ਹੋਏ ਨੇ । ਇਹ ਇਸ ਸਮੇਂ ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਇੱਕੋ

ਇੱਕ ਵਪਾਰਕ ਜ਼ਮੀਨੀ ਰਸਤਾ ਏ ਤੇ ਸੰਗਠਿਤ ਜਾਂਚ ਚੌਕੀ ਨੂੰ ਸਿਰਫ਼ ਅਫਗਾਨਿਸਤਾਨ ਤੋਂ ਦਰਾਮਦ ਪ੍ਰਾਪਤ ਕਰਨ ਦੀ ਆਗਿਆ ਏ।

-----------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਇਹ ਯਕੀਨੀ ਬਣਾਉਣ ਕਿ ਸੂਬੇ ਵਿਚੋਂ ਨਸ਼ੇ ਦੇ ਬੀਜਾਂ ਦਾ ਪੂਰੀ ਤਰ੍ਹਾਂ ਸਫਾਇਆ ਕੀਤਾ ਜਾਵੇ। ਹੁਸ਼ਿਆਰਪੁਰ ਦੇ ਪਿੰਡ ਜਲਾਲਪੁਰ ਵਿਖੇ ਲੋਕਾਂ ਨੂੰ ਸਹੁੰ ਚੁਕਾਉਣ ਤੋਂ ਬਾਅਦ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਨਸ਼ਿਆਂ ਵਿਰੁੱਧ ਜੰਗ ਵਿਚ ਲੋਕਾਂ ਦੇ ਪੂਰਨ ਸਮਰਥਨ ਤੇ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸੂਬੇ ਦੇ ਚਿਹਰੇ 'ਤੇ ਇੱਕ ਧੱਬਾ ਏ ਅਤੇ ਇਸ ਸਰਾਪ ਨੂੰ ਮਿਟਾਉਣ ਲਈ ਰਣਨੀਤੀ ਬਣਾਉਣ ਵਿੱਚ ਸੂਬਾ ਸਰਕਾਰ ਨੂੰ ਦੋ ਸਾਲਾਂ ਤੋਂ ਵੱਧ ਸਮਾਂ ਲੱਗ ਗਿਆ। ਮੁੱਖ ਮੰਤਰੀ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੀ ਉੱਚ ਸਾਖਰਤਾ ਦਰ ਤੇ ਇਤਿਹਾਸਕ ਮਹੱਤਤਾ ਦੀ ਵੀ ਪ੍ਰਸ਼ੰਸਾ ਕੀਤੀ।

-----------------------------------------------------------------------------

ਪੰਜਾਬ ਸਰਕਾਰ ਵਲੋਂ ਨਸ਼ਿਆਂ ਵਿਰੁੱਧ ਪਿੰਡ ਪੱਧਰ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਨਸ਼ਾ ਮੁਕਤੀ ਯਾਤਰਾ ਸ਼ੁਰੂ ਕੀਤੀ ਗਈ ਏ, ਇਸ ਤਹਿਤ ਫਰੀਦਕੋਟ ਦੇ ਪਿੰਡ ਜਿਉਣ ਵਾਲਾ, ਪੰਜਗਰਾਂਈ ਕਲਾਂ ਤੇ

ਸਿਬੀਆਂ ਵਿਖੇ ਸਮਾਗਮ ਕੀਤੇ ਗਏ, ਜਿਸ ਵਿਚ ਜੈਤੋ ਤੋਂ ਵਿਧਾਇਕ ਅਮੋਲਕ ਸਿੰਘ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਅਮੋਲਕ ਸਿੰਘ ਨੇ ਕਿਹਾ ਕਿ ਨਸ਼ੇ ਤੇ ਨਸ਼ਾ ਤਸਕਰਾਂ ਦੇ ਖਾਤਮੇ ਲਈ ਇਸ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡ ਦੇ ਗਲੀ, ਮੁਹੱਲਿਆ ਵਿਚ ਜਾਗਰੂਕ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਸੱਦਾ ਦਿੱਤਾ ਗਿਆ।

---

ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਵਲੋਂ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ 24 ਮਈ ਨੂੰ ਲਗਾਈ ਜਾ ਰਹੀ ਹੈ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਉਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਣਗੇ। ਇਸ ਤੋਂ ਇਲਾਵਾ ਬੈਂਕ ਰਿਕਵਰੀ ਕੇਸ, ਲੇਬਰ ਆਦਿ ਕੇਸ ਵੀ ਲਗਾਏ ਜਾਣਗੇ। ਇਸ ਸਬੰਧੀ ਜ਼ਿਲ੍ਹਾ ਤੇ ਸੈਸ਼ਨ ਜੱਜ਼ ਬੀ ਬੀ ਐੱਸ ਤੇਜ਼ੀ ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਏ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧੰਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ

----------------------------------------------------------------------------------

ਹੋਸ਼ਿਆਰਪੁਰ ਜਿਲ੍ਹੇ ਦੀਆਂ ਸਮੂਹ ਸਿਹਤ ਸੰਸਥਾਵਾਂ ਵਿੱਚ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਗਿਆ। ਇਸ ਸੰਬੰਧੀ ਜਿਲਾ ਪੱਧਰੀ ਜਾਗਰੂਕਤਾ ਰੈਲੀ ਨੂੰ ਦਫਤਰ ਸਿਵਲ ਸਰਜਨ ਤੋਂ ਡਾ. ਪਵਨ ਕੁਮਾਰ ਸ਼ਗੋਤਰਾ ਵੱਲੋਂ ਰਵਾਨਾ ਕੀਤਾ ਗਿਆ, ਜਿਸ ਵਿਚ ਏਐਨਐਮ ਟ੍ਰੇਨਿੰਗ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਕੌਰ ਅਤੇ ਸਰਕਾਰੀ ਏ.ਐਨ.ਐਮ. ਟ੍ਰੇਨਿੰਗ ਸਕੂਲ ਹੁਸ਼ਿਆਰਪੁਰ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ। ਸਿਵਲ ਸਰਜਨ ਡਾ. ਪਵਨ ਕੁਮਾਰ ਨੇ ਕਿਹਾ ਏ ਕਿ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਉਣ ਦਾ ਮੁੱਖ ਮੰਤਵ ਹਾਈ ਬਲੱਡ ਪ੍ਰੈਸ਼ਰ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਏ । ਇਸ ਸਾਲ ਦਾ ਥੀਮ ਵੀ "ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕੰਟਰੋਲ ਕਰੋ, ਲੰਬੀ ਉਮਰ ਜੀਓ!" ਰੱਖਿਆ ਗਿਆ ਏ ।

----------------------------------------------------------------------------------

ਪਿਛਲੇ 24 ਘੰਟਿਆਂ ਵਿੱਚ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.8 ਡਿਗਰੀ ਦਾ ਵਾਧਾ ਹੋਇਆ ਏ । ਇਹ ਆਮ ਤਾਪਮਾਨ ਨਾਲੋਂ 2.7 ਡਿਗਰੀ ਵੱਧ ਦਰਜ ਕੀਤਾ ਗਿਆ ਏ । ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 45.2 ਡਿਗਰੀ ਦਰਜ ਕੀਤਾ ਗਿਆ। 12 ਸ਼ਹਿਰਾਂ ਦਾ ਤਾਪਮਾਨ 40 ਡਿਗਰੀ ਤੋਂ ਵੱਧ ਰਿਹਾ । ਮੌਸਮ ਵਿਭਾਗ

ਨੇ 19 ਤੋਂ 21 ਮਈ ਤੱਕ ਹਲਕੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਏ । ਅਗਲੇ ਤਿੰਨ ਦਿਨਾਂ ਲਈ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ ।